**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜ਼ਸਵੰਤ ਸਿੰਘ, ਵਕੀਲ
ਚੈਂਬਰ ਨੰ 8017.-ਏ 8ਵੀ ਮੰਜਿਲ ਨਿਉ ਕੋਰਟ ਕੰਪਲੈਕਸ,
ਪਾਰਟ 2, ਲੁਧਿਆਣਾ। ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਆਈ.ਐੱਮ.ਸੀ. ਕੋਰਪੋਰੇਟ ਆਫਿਸ ਲੁਧਿਆਣਾ।
ਪੰਜਾਬੀ ਭਵਨ ਰੋਡ,ਜਿਲਾ ਕਚਹਿਰੀ ਏਰੀਆ,ਮਾਡਲ ਗਰਾਮ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਆਈ.ਐੱਮ.ਸੀ. ਕੋਰਪੋਰੇਟ ਆਫਿਸ ਲੁਧਿਆਣਾ।
ਪੰਜਾਬੀ ਭਵਨ ਰੋਡ,ਜਿਲਾ ਕਚਹਿਰੀ ਏਰੀਆ,ਮਾਡਲ ਗਰਾਮ ਲੁਧਿਆਣਾ। ---------ਉੱਤਰਦਾਤਾ

**ਅਪੀਲ ਕੇਸ ਨੰ: 2718/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-05-2019, ਲੋਕ ਸੂਚਨਾ ਅਧਿਕਾਰੀ ਦਫਤਰ ਆਈ.ਐੱਮ.ਸੀ. ਕੋਰਪੋਰੇਟ ਆਫਿਸ ਲੁਧਿਆਣਾ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦਫਤਰ ਆਈ.ਐੱਮ.ਸੀ. ਕੋਰਪੋਰੇਟ ਆਫਿਸ ਲੁਧਿਆਣਾ, ਪੰਜਾਬੀ ਭਵਨ ਰੋਡ,ਜਿਲਾ ਕਚਹਿਰੀ ਏਰੀਆ,ਮਾਡਲ ਗਰਾਮ ਲੁਧਿਆਣਾ ਦੇ ਕਾਲ ਸੈਂਟਰ ਵਿਚ ਕੰਮ ਕਰ ਰਹੇ ਕਰਮਚਾਰੀਆਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 30-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਦੋਵਾਂ ਧਿਰਾਂ ਵਲੋਂ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 23-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 25 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਕੀਮਤੀ ਲਾਲ ਕਸ਼ਿਅਪ (789757100)
ਪੁੱਤਰ ਸ੍ਰੀ ਕ੍ਰਿਸ਼ਨ ਲਾਲ ਕਸ਼ਿਅਪ,
ਵਾਸੀ ਟੀਚਰ ਕਲੋਨੀ , ਨਵਾਂਸ਼ਹਿਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜਿਲਾ ਇੰਡਸਟਰੀ ਸੈਂਟਰ, ਸ਼ਹੀਦ ਭਗਤ ਸਿੰਘ ਨਗਰ। ------ ਉੱਤਰਦਾਤਾ

**ਕੰਪਲੇਟ ਕੇਸ ਨੰ: 647 / 2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਆਸੁਜੀਤ ਸਿੰਘ, ਫੰਕਸ਼ਨਲ ਮੈਨੇਜਰ (70874-73379) ਵੀ ਕੋਈ ਨਹੀ ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 15-04-2019 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜਨਵਰੀ, 2015 ਤੋਂ ਲੈ ਕੇ ਅਪ੍ਰੈਲ 2019 ਤੱਕ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਸਾਰੇ ਰਜਿਸਟਰਡ ਵੈਸਟਰਨ ਯੂਨੀਅਨ, ਮੰਨੀ ਚੇਂਜ਼ਰ, ਮੰਨੀ ਗਰਾਮ ਆਦਿ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ । ਜਿਲ੍ਹਾ ਮਾਲ ਅਫਸਰ -ਕਮ-ਲੋਕ ਸੂਚਨਾ ਅਫਸਰ , ਦਫਤਰ ਡਿਪਟੀ ਕਮਿਸਨਰ, ਸ਼ਹੀਦ ਭਗਤ ਸਿੰਘ ਨਗਰ ਵਲੋਂ ਸ਼ਿਕਾਇਤ ਕਰਤਾ ਦੀ ਆਰ.ਟੀ.ਆਈ ਦੀ ਅਰਜ਼ੀ , ਆਰਟੀ.ਆਈ.ਐਕਟ, 2005 ਦੀ ਧਾਰਾ 6(3) ਤਹਿਤ ਜਿਲ੍ਹਾ ਉਦਯੋਗ ਕੇਂਦਰ, ਸ਼ਹੀਦ ਭਗਤ ਸਿੰਘ ਨਗਰ ਨੂੰ ਤਬਦੀਲ ਕਰਦੇ ਹੋਏ ਸ਼ਿਕਾਇਤਕਰਤਾ ਨੂੰ ਸਿੱਧੇ ਤੌਰ ਤੇ ਸੂਚਨਾ ਮੁਹਈਆ ਕਰਾਉਣ ਲਈ ਲਿਖਿਆ ਗਿਆ ਸੀ।ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 25-07-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 30-08-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ੍ਰੀ ਆਸੁਜੀਤ ਸਿੰਘ, ਫੰਕਸ਼ਨਲ ਮੈਨੇਜਰ, ਜ਼ਿਲ੍ਹਾ ਇੰਡਸਟਰੀ ਸੈਂਟਰ, ਸ਼ਹੀਦ ਭਗਤ ਸਿੰਘ ਨਗਰ ਨੇ ਪੱਤਰ ਨੰ: 1022-23, ਮਿਤੀ 9-09-2019, ਜਿਸਦਾ ਇਕ ਉਤਾਰਾ ਸ਼ਿਕਾਇਤਕਰਤਾ ਨੂੰ ਵੀ ਭੇਜਿਆ ਹੋਇਆ ਹੈ, ਦੀ ਦਫਤਰੀ ਕਾਪੀ ਦੀ ਕਾਪੀ ਪੇਸ਼ ਕੀਤੀ ਗਈ ਜੋ ਕਿ ਮਿਸਲ ਤੇ ਰੱਖ ਲਈ ਗਈ ਹੈ। ਇਸ ਪੱਤਰ ਰਾਹੀਂ ਹਾਜ਼ਰ ਉਤਰਦਾਤਾ ਵਲੋਂ ਦੱਸਿਆ ਗਿਆ ਹੈ ਕਿ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਵਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਦੇਣ ਵਾਸਤੇ ਆਪਣੇ ਪੱਤਰ ਨੰ: 1034 ਮਿਤੀ 19-04-2019 ਰਾਹੀਂ ਜ਼ਿਲ੍ਹਾ ਇੰਡਸਟਰੀ ਸੈਂਟਰ, ਸ਼ਹੀਦ ਭਗਤ ਸਿੰਘ ਨਗਰ ਨੂੰ ਲਿਖਿਆ ਗਿਆ ਸੀ ਜਦੋਂ ਕਿ ਇਸ ਕੇਸ ਵਿਚ ਸ਼ਿਕਾਇਤਕਰਤਾ ਵਲੋਂ ਮੰਗੀ ਗਈ ਸੂਚਨਾ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਦੇ ਦਫਤਰ ਵਲੋਂ ਹੀ ਮੁਹਈਆ ਕਰਾਉਣੀ ਬਨਦੀ ਸੀ। ਇਸ ਕਰਕੇ ਜ਼ਿਲ੍ਹਾ ਇੰਡਸਟਰੀ ਸੈਂਟਰ, ਸ਼ਹੀਦ ਭਗਤ ਸਿੰਘ ਨਗਰ ਵਲੋਂ ਆਪਣੇ ਪੱਤਰ ਨੰ: 700 ਮਿਤੀ 06-06-2019 ਰਾਹੀਂ ਸ਼ਿਕਾਇਤਕਰਤਾ ਦਾ ਪੱਤਰ, ਮੂਲ ਰੂਪ ਵਿਚ, ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਯੋਗ ਕਾਰਵਾਈ ਹਿੱਤ ਭੇਜ ਦਿੱਤਾ ਗਿਆ ਸੀ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਵਲੋਂ ਕਿਹਾ ਗਿਆ ਹੈ ਕਿ ਉਨ੍ਹਾਂ ਵਲੋਂ ਇਸ ਕੇਸ ਵਿਚ ਕੋਈ ਸੂਚਨਾ ਨਹੀਂ ਦਿੱਤੀ ਜਾ ਸਕਦੀ ।

4. ਹਾਜ਼ਰ ਉੱਤਰਦਾਤਾ ਦੇ ਦਸੱਣ ਮੁਤਾਬਿਕ ਇਸ ਕੇਸ ਵਿਚ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਹੀ ਮੁੱਹਈਆ ਕਰਵਾਉਣੀ ਬਨਦੀ ਹੈ ਅਤੇ ਇਸ ਬਾਰੇ ਸ਼ਿਕਾਇਤਕਰਤਾ ਵਲੋਂ ਮੁੱਢਲੇ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਰਤੋ ਜੀ------ਚਲਦਾ ਪੰਨਾ/2



**ਕੰਪਲੇਟ ਕੇਸ ਨੰ: 647 / 2019**

ਤੌਰ ਤੇ ਆਪਣੀ ਆਰ.ਟੀ.ਆਈ. ਅਰਜ਼ੀ ਵੀ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਹੀ ਪੇਸ਼ ਕੀਤੀ ਗਈ ਸੀ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ, ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਇੰਡਸਟਰੀ ਸੈਂਟਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਜਾਂਦੀ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 22-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 25 ਸਤੰਬਰ, 2019.**

**ਕਾਪੀ :**

**(ਰਜਿਸਟਰਡ):** ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਕੀਮਤੀ ਲਾਲ ਕਸ਼ਿਅਪ (789757100)
ਪੁੱਤਰ ਸ੍ਰੀ ਕ੍ਰਿਸ਼ਨ ਲਾਲ ਕਸ਼ਿਅਪ,
ਵਾਸੀ ਟੀਚਰ ਕਲੋਨੀ , ਨਵਾਂਸ਼ਹਿਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। ------- ਉੱਤਰਦਾਤਾ

**ਸ਼ਿਕਾਇਤ ਕੇਸ ਨੰ: 649 / 2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਸ਼ਿਵ ਪ੍ਰਸ਼ਾਦ, ਸੀਨੀਅਰ ਸਹਾਇਕ (94648-88873)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 15-04-2019 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜਨਵਰੀ, 2010 ਤੋਂ ਅਪ੍ਰੈਲ, 2019 ਤੱਕ ਟ੍ਰੈਵਲ ਏਜੰਟ, ਸਟਡੀ ਅਬਰੋਡ, ਇੰਮੀਗਰੇਸ਼ਨ ਸੈਂਟਰ, ਆਈਲੈਟ ਸੈਂਟਰ ਦਾ ਰਜਿਸਟਰਡ ਨੰਬਰ ਪ੍ਰਾਪਤ ਕਰਨ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 25-07-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 30-08-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ , ਸ੍ਰੀ ਸ਼ਿਵ ਪ੍ਰਸ਼ਾਦ, ਸੀਨੀਅਰ ਸਹਾਇਕ ਨੇ ਰਜਿਸਟਰਡ ਪੱਤਰ ਨੰ:5198/ਐਮ.ਏ./ਐਮ.ਸੀ-2 ਮਿਤੀ 22-05-2019 , ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਕੀਤਾ ਗਿਆ ਹੈ, ਦੀ ਦਫ਼ਤਰੀ ਕਾਪੀ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਸਦੀ ਦਰਖਾਸਤ ਮਿਤੀ 15-04-2019 Ministry of Personnel, Public Grievance & Pensions, Department of Personnel & Training ਵੱਲੋਂ ਪੱਤਰ ਨੰ: 1/69/2017-ਆਈ.ਆਰ. ਮਿਤੀ 27-02-2008 ਰਾਹੀਂ ਜ਼ਾਰੀ Office Memorandum ਦੇ ਪੈਰ੍ਹਾ ਨੰਬਰ 8 ਅਨੁਸਾਰ ਦਾਖਲ ਦਫਤਰ ਕਰ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਲਈ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 23-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦੀ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 25 ਸਤੰਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗੁਰਪ੍ਰੀਤ ਸਿੰਘ (98720-90755)
ਮਕਾਨ ਨੰ: 360/36-ਡੀ ,
ਮੁੱਹਲਾ ਨਿਉ ਆਤਮ ਨਗਰ ਜਗਰਾਓ,
ਜਿਲਾ ਲੁਧਿਆਣਾ । ---------ਸ਼ਿਕਾਇਤਕਰਤਾ

**ਬਨਾਮ**

ਲੋਕ ਸੂਚਨਾ ਅਧਿਕਾਰੀ,
ਦਫਤਰ ਆਰੀਆ ਕਾਲਿਜ, ਲੁਧਿਆਣਾ। -------- ਉੱਤਰਦਾਤਾ

**ਸ਼ਿਕਾਇਤ ਕੇਸ ਨੰ: 652/2019**

**ਹਾਜ਼ਰ:-** 1) ਸ੍ਰੀ ਗੁਰਪ੍ਰੀਤ ਸਿੰਘ , ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਸਮੀਰ ਸਚਦੇਵਾ, ਐਡਵੋਕੇਟ, (98145-06858)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 07-06-2019 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਆਰੀਆ ਕਾਲਿਜ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਾਲਜ਼ ਵਿਚ ਪੰਜਾਬ ਸਰਕਾਰ ਦੀ ਨਿਊ ਗਰਾਂਟ-ਇਨ-ਏਡ ਪਾਲਸੀ ਦੇ ਅਧੀਨ 1925 ਪੋਸਟਾਂ ਤੇ ਕੰਮ ਕਰ ਰਹੇ ਸਹਾਇਕ ਪ੍ਰੋਫੈਸਰਾਂ ਨਾਲ ਸਬੰਧਤ 5 ਨੁੱਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 25-07-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 30-08-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਦੋਵਾਂ ਧਿੱਰਾਂ ਨੂੰ ਸੁੱਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁੱਹਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ , ਸ੍ਰੀ ਸਮੀਰ ਸਚਦੇਵਾ, ਐਡਵੋਕੇਟ ਨੇ ਕਿਹਾ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜੀ ਮਿਤੀ 07-06-2019 ਉਨ੍ਹਾਂ ਨੂੰ ਮਿਤੀ 11-06-2019 ਨੂੰ ਪ੍ਰਾਪਤ ਹੋਈ ਸੀ, ਜਿਸ ਦੇ ਸਬੰਧ ਵਿਚ ਉਨ੍ਹਾਂ ਵਲੋਂ ਆਪਣੇ ਪੱਤਰ ਨੰਬਰ ਏ.ਸੀ.ਐਲ. 2019/435 ਮਿਤੀ 09-07-2019 ਰਾਹੀਂ ਨਿਰਧਾਰਤ ਸਮੇਂ ਅੰਦਰ ਸ਼ਿਕਾਇਤਕਰਤਾ ਕੋਲੋਂ ਉਸ ਵਲੋਂ ਮੰਗੀ ਗਈ ਸੂਚਨਾ ਬਾਰੇ ਸਪੱਸ਼ਟੀਕਰਨ ਮੰਗਿਆ ਗਿਆ ਸੀ ਪਰੰਤੂ ਉਸ ਵੱਲੋਂ ਇਸ ਬਾਰੇ ਕੋਈ ਵੀ ਜਵਾਬ ਉਤਰਦਾਤਾ ਲੋਕ ਸੂਚਨਾ ਅਧਿਕਾਰੀ ਨੂੰ ਨਹੀਂ ਭੇਜਿਆ ਗਿਆ । ਜਿਸ ਕਰਕੇ ਉਸਨੂੰ ਸੂਚਨਾ ਮੁੱਹਈਆ ਨਹੀਂ ਕਰਵਾਈ ਜਾ ਸਕੀ। ਇਸ ਬਾਰੇ ਉਨ੍ਹਾਂ ਵਲੋਂ ਆਪਣੇ ਪੱਤਰ ਨੰਬਰ ਏ.ਸੀ.ਐਲ. 2019/746 ਮਿਤੀ 11-09-2019, ਜਿਸਦਾ ਇਕ ਉਤਾਰਾ ਸ਼ਿਕਾਇਤਕਰਤਾ ਨੂੰ ਵੀ ਭੇਜਿਆ ਹੋਇਆ ਹੈ ਰਾਹੀਂ ਵੀ ਕਮਿਸ਼ਨ ਨੂੰ ਵਿਸਥਾਰਪੂਰਵਕ ਜਵਾਬ ਭੇਜਿਆ ਹੋਇਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ਼ਿਕਾਇਤਕਰਤਾ ਨੂੰ ਨਿਰਧਾਰਤ ਸਮੇਂ ਅੰਦਰ ਜਵਾਬ ਭੇਜਿਆ ਗਿਆ ਸੀ। ਇਸ ਕਰਕੇ ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕਰਨੀ ਬਣਦੀ ਸੀ ਪਰੰਤੂ ਉਸ ਵਲੋਂ ਅਜਿਹਾ ਨਹੀਂ ਕੀਤਾ ਗਿਆ । ਇਸ ਕਰਕੇ ਇਹ ਕੇਸ **ਪਹਿਲੀ ਅਪੀਲੀ ਅਥਾਰਟੀ ਨੂੰ ਰਿਮਾਂਡ ਕਰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਕੇਸ ਵਿਚ ਦੋਵਾਂ ਧਿਰਾਂ ਨੂੰ ਮਿਤੀ 15-10-2019 ਨੂੰ ਸੁਣਵਾਈ** ਦਾ ਮੌਕਾ ਦੇ ਕੇ ਇਸ ਕੇਸ ਦਾ ਫੈਸਲਾ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਸ਼ਿਕਾਇਤਕਰਤਾ ਨੂੰ ਇਹ ਅਧਿਕਾਰ ਹੋਵੇਗਾ ਕਿ ਜੇਕਰ ਉਹ ਪਹਿਲੀ ਅਪੀਲੀ ਅਥਾਰਟੀ ਦੇ ਉੱਤਰ ਤੋਂ ਸੰਤੁਸ਼ਟ ਨਾ ਹੋਵੈ ਤਾਂ ਕਮਿਸ਼ਨ ਕੋਲ ਪਹੁੰਚ ਕਰੇ। ਇਸ ਹਦਾਇਤ ਦੇ ਨਾਲ ਇਹ ਕੇਸ **ਕਮਿਸ਼ਨ ਵਿਖੇ ਅਗਲੀ ਸੁਣਵਾਈ ਮਿਤੀ 23-10-2019 ਨੂੰ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 25 ਸਤੰਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਮਨਜੀਤ ਸਿੰਘ ਜੌੜਾ, (97812-00365)
ਪੁੱਤਰ ਸ਼੍ਰੀ ਪਰਮਜੀਤ ਸਿੰਘ,
ਮਕਾਕ ਨੰ:66, ਪਟੇਲ ਨਗਰ,
ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਲਾਅ ਅਫਸਰ,
ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼,
ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਰਜਿਸਰਾਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼,
ਫਰੀਦਕੋਟ। --------ਉੱਤਰਦਾਤਾ

**ਅਪੀਲ ਕੇਸ ਨੰ:2272/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਨਿਹਾਰਕਾ ਗੁਪਤਾ, ਐਡਵੋਕੇਟ (85580-60900)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-01-2019, ਲੋਕ ਸੂਚਨਾ ਅਧਿਕਾਰੀ ਦਫਤਰ ਲਾਅ ਅਫਸਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2013 ਤੋਂ 31-12-2018 ਤੱਕ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਅਤੇ ਇਸ ਨਾਲ ਸਬੰਧਤ ਜੀ.ਜੀ.ਐਸ.ਐਮ.ਸੀ.ਐਚ. ਫਰੀਦਕੋਟ ਅਤੇ ਐਡਵਾਂਸਡ ਕੈਂਸਰ ਡਾਇਆਗਨੋਸਟਿਕ ਟਰੀਟਮੈਂਟ ਰਿਸਰਚ ਸੈਂਟਰ ਬਠਿੰਡਾ ਦੇ ਕੰਮ-ਕਾਰ ਨਾਲ ਸਬੰਧਤ 21 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਮਿਤੀ 02-09-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਨਿਹਾਰਕਾ ਗੁਪਤਾ, ਐਡਵੋਕੇਟ ਨੇ ਆਪਣਾ ਲਿਖਤੀ ਜਵਾਬ, ਮਿਤੀ 30-08-2019 ਪੇਸ਼ ਕੀਤਾ ਸੀ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ ਅਤੇ ਇਸ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਵੀ ਦਸਤੀ ਦੇ ਦਿੱਤੀ ਗਈ ਸੀ।ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਸੀ ਕਿ ਅਪੀਲਕਰਤਾ ਵੱਲੋਂ ਹੋਰ ਵੀ ਬਹੁਤ ਸਾਰੀਆਂ ਅਰਜ਼ੀਆਂ ਸੂਚਨਾ ਪ੍ਰਾਪਤ ਕਰਨ ਵਾਸਤੇ ਦਿੱਤੀਆਂ ਹੋਈਆਂ ਹਨ ਪਰੰਤੂ ਉਹ ਇਨ੍ਹਾਂ ਬਾਰੇ ਕੋਈ ਲਿਖਤੀ ਦਸਤਾਵੇਜ਼ ਪੇਸ਼ ਨਹੀਂ ਕਰ ਸਕੇ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਪੇਸ਼ ਕੀਤੀਆਂ ਗਈਆਂ ਅਰਜ਼ੀਆਂ ਬਾਰੇ ਵਿਸਥਾਰ-ਪੂਰਵਕ ਵੇਰਵੇ ਸਹਿਤ ਜਵਾਬ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉੱਤਰਦਾਤਾ ਦੇ ਜਵਾਬ ਸਬੰਧੀ ਜੇਕਰ ਕੋਈ ਇਤਰਾਜ਼ ਹੋਵੇ ਤਾਂ ਉਸ ਬਾਰੇ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਨਿਹਾਰਕਾ ਗੁਪਤਾ, ਐਡਵੋਕੇਟ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2272/2019**

ਨੇਆਪਣਾ ਲਿਖਤੀ ਬਿਆਨ ਮਿਤੀ 25-09-2019 ਪੇਸ਼ ਕਰਦੇ ਹੋਏ ਦਸਿਆ ਕਿ ਅਪੀਲਕਰਤਾ ਨੇ ਮੁੱਹਈਆ ਕਰਵਾਈ ਗਈ ਸੂਚਨਾ ਬਾਰੇ ਕਮਿਸ਼ਨ ਦੇ ਹੁਕਮ ਮਿਤੀ 02-09-2019 ਅਨੁਸਾਰ ਸੂਚਨਾ ਵਿਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਅੱਜ ਤੱਕ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਉਸ ਵੱਲੋਂ ਇਸ ਕੇਸ ਨੂੰ ਡਿਸਪੋਜ਼ ਆਫ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉਤਰਦਾਤਾ ਵਲੋਂ ਪੇਸ਼ ਕੀਤਾ ਗਿਆ ਲਿਖਤੀ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁੱਹਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਇਲਾਵਾ ਉਸ ਵਲੋਂ ਸੂਚਨਾ ਵਿਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਅੱਜ ਤੱਕ ਕਮਿਸ਼ਨ ਜਾਂ ਉਤਰਦਾਤਾ ਨੂੰ ਸੂਚਿਤ ਨਹੀਂ ਕੀਤਾ ਗਿਆ ਹੈ। ਇਸਤੋਂ ਜ਼ਾਹਰ ਹੁੰਦਾ ਹੈ ਕਿ ਅਪੀਲਕਰਤਾ ਉਸਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿਚ ਕੋਈ ਦਿਲਚਸਪੀ ਨਹੀਂ ਰਖਦਾ। ਇਸ ਲਈ ਇਸ ਕੇਸ ਵਿਚ ਹੁਣ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵਲੋਂ ਕਮਿਸ਼ਨ ਵਿਚ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 25 ਸਤੰਬਰ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸਬ ਮੇਜਰ ਬਲਬੀਰ ਸਿੰਘ, (ਰਿਟਾ:) (94647-26538)
ਪੁੱਤਰ ਸ਼੍ਰੀ ਰਾਮ ਕਿਸ਼ਨ, ਪਿੰਡ ਜਮਾਲਪੁਰ (ਉਮਰਪੁਰ)
ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ। --------ਉੱਤਰਦਾਤਾ

**ਅਪੀਲ ਕੇਸ ਨੰ:2243/2019**

**ਹਾਜ਼ਰ:-**

1) ਸਬ ਮੇਜਰ ਬਲਬੀਰ ਸਿੰਘ, (ਰਿਟਾ:) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਦਿਲਾਵਰ ਸਿੰਘ, ਪੰਚਾਇਤ ਸਕੱਤਰ (97811-47717)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-03-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਮਿਤੀ 25-01-2019 ਰਾਹੀਂ ਕੀਤੀ ਗਈ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 02-09-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਦਿਲਾਵਰ ਸਿੰਘ, ਪੰਚਾਇਤ ਸਕੱਤਰ ਨੇ ਕਿਹਾ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਸ ਨੂੰ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਉਸ ਦੀ ਆਰ.ਟੀ.ਆਈ. ਅਰਜ਼ੀ ਦੇ ਪੈਰ੍ਹਾ 2 ਦੇ ਨੁਕਤਾ 'ਏ' ਅਤੇ 'ਬੀ' ਬਾਰੇ ਮਿਲੀ ਸੂਚਨਾ ਤੋਂ ਸੰਤੁਸ਼ਟ ਹੈ ਪਰੰਤੂ ਉਸ ਨੂੰ ਨੁਕਤਾ 'ਸੀ' ਬਾਰੇ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਨੇ ਕਿਹਾ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਬਹੁਤਾ ਸਬੰਧ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮੁਕੇਰੀਆਂ ਨਾਲ ਹੋਣ ਕਾਰਨ ਉਨ੍ਹਾਂ ਵੱਲੋ ਸੂਚਨਾ ਦਿੱਤੀ ਜਾ ਸਕਦੀ ਹੈ। ਉੱਤਰਦਾਤਾ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮੁਕੇਰੀਆਂ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਦੇ ਪੈਰ੍ਹਾ 2 ਦੇ ਨੁਕਤਾ 'ਸੀ' ਬਾਰੇ ਅਪੀਲਕਰਤਾ ਨੂੰ ਇਹ ਸੂਚਨਾ ਦਿੱਤੀ ਜਾਵੇ ਕਿ ਗਰਾਮ ਪੰਚਾਇਤ, ਔਲੀਆ ਦਾ ਰੈਜ਼ੂਲੇਸ਼ਨ, ਕਿਸ ਪੱਤਰ ਨੰ: ਅਤੇ ਮਿਤੀ ਨਾਲ ਲੈਂਡ ਰੈਵਨਿਊ ਵਿਭਾਗ ਨੂੰ ਭੇਜਿਆ ਗਿਆ ਸੀ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 25-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2243/2019**

ਦਿਲਾਵਰ ਸਿੰਘ, ਪੰਚਾਇਤ ਸਕੱਤਰ ਨੇ ਪੱਤਰ ਨੰ:8684-8685, ਮਿਤੀ 24-09-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕੀਤੀ ਹੈ ਜ਼ੋ ਕਿ ਮਿਸਲ ਤੇ ਰੱਖ ਲਈ ਗਈ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਬਾਕੀ ਰਹਿੰਦੀ ਨੁਕਤਾ 'ਸੀ' ਬਾਰੇ ਦੱਸਿਆ ਗਿਆ ਹੈ ਕਿ ਬਲਾਕ ਵਿਖੇ ਰਿਕਾਰਡ ਦੀ ਘੋਖ ਕੀਤੀ ਗਈ ਅਤੇ ਦਫ਼ਤਰ ਦੇ ਡਿਸਪੈਚ ਰਜਿਸਟਰ ਅਨੁਸਾਰ ਪੱਤਰ ਨੰ:1922, ਮਿਤੀ 16-06-2015 ਅਤੇ ਪੱਤਰ ਨੰ:848, ਮਿਤੀ 12-04-2016 ਰਾਹੀਂ ਤਹਿਸੀਲਦਾਰ ਮੁਕੇਰੀਆਂ ਨੂੰ ਭੇਜੇ ਗਏ ਪੱਤਰ ਦਰਜ ਹਨ ਪਰੰਤੂ ਅਪੀਲਕਰਤਾ ਵੱਲੋਂ ਗਰਾਮ ਪੰਚਾਇਤ ਔਲੀਆਂ ਦਾ ਮਤਾ ਮਿਤੀ 04-01-2017 ਜ਼ੋ ਰੈਵਨਿਊ ਡਿਪਾਰਟਮੈਂਟ ਨੂੰ ਭੇਜਣ ਸਬੰਧੀ ਦਫ਼ਤਰ ਵੱਲੋਂ ਡਿਸਪੈਚ ਨੰਬਰ ਦੀ ਮੰਗ ਕੀਤੀ ਜਾ ਰਹੀ ਹੈ। ਇਸ ਸਬੰਧੀ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਗਰਾਮ ਪੰਚਾਇਤ ਦਾ ਮਤਾ ਮਿਤੀ 04-01-2017 ਦਫ਼ਤਰ ਦੇ ਰਿਕਾਰਡ ਵਿੱਚ ਦਰਜ ਨਹੀਂ ਹੈ ਅਤੇ ਨਾ ਹੀ ਨਿਸ਼ਾਨਦੇਹੀ ਸਬੰਧੀ ਰੈਵਨਿਊ ਵਿਭਾਗ ਨੂੰ ਇਸ ਸਬੰਧੀ ਲਿਖਿਆ ਗਿਆ ਹੈ, ਜਿਸ ਕਾਰਨ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦੇਣੀ ਸੰਭਵ ਨਹੀਂ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਬਾਕੀ ਰਹਿੰਦੀ ਸੂਚਨਾ, ਪੱਤਰ ਨੰ:8684-8685, ਮਿਤੀ 24-09-2019 ਰਾਹੀਂ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਗਈ ਹੈ, ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ। ਇਸ ਲਈ ਇਸ ਕੇਸ ਵਿਚ ਹੁਣ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵਲੋਂ ਕਮਿਸ਼ਨ ਵਿਚ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 25 ਸਤੰਬਰ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਵਿੰਦਰ ਸਿੰਘ, (90418-00247)
ਪੁੱਤਰ ਸ਼੍ਰੀ ਸੋਹਣ ਸਿੰਘ,
ਪਿੰਡ ਲੋਹਟ, ਡਾਕਖਾਨਾ ਬਲਾਚੌਰ,
ਜ਼ਿਲ੍ਹਾ ਐਸ.ਬੀ.ਐਸ.ਨਗਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਐਸ.ਜੀ.ਐਚ.ਆਰ.ਐਸ .ਕਾਲਿਜ ਫਾਰ ਵੂਮੈਨ, ਚੱਬੇਵਾਲ,
ਜ਼ਿਲ੍ਹਾ ਹੁਸ਼ਿਆਰਪੁਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:360/2019**

**ਹਾਜ਼ਰ:-**

1) ਸ਼੍ਰੀ ਜਸਵਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ, (98145-06858)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 25-01-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਐਸ.ਜੀ.ਐਚ.ਆਰ.ਐਸ .ਕਾਲਿਜ ਫਾਰ ਵੂਮੈਨ, ਚੱਬੇਵਾਲ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਾਲਿਜ ਛੱਡਣ ਲਈ ਮਿਤੀ 08-10-2017 ਨੂੰ ਨੋਟਿਸ ਦੇਣ ਦੇ ਬਾਵਜੂਦ ਕਾਲਿਜ ਵੱਲੋਂ ਉਸ ਦੀ ਸੈਲਰੀ ਰੋਕਣ ਅਤੇ ਰੈਗੂਲਰ ਟੀਚਿੰਗ ਅਤੇ ਨਾਨ-ਟੀਚਿੰਗ ਵੱਲੋਂ ਇੱਕ ਮਹੀਨੇ ਦੇ ਨੋਟਿਸ ਨਾਲ ਕਾਲਿਜ ਛੱਡਣ ਤੇ ਦਿੱਤੀ ਜਾਣ ਵਾਲੀ ਸੈਲਰੀ ਨਾਲ ਸਬੰਧਤ ਨਿਯਮਾਂ ਅਦਿ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 09-04-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 18-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 17-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 05-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਆਪਣਾ ਵਿਸਥਾਰ-ਪੂਰਵਕ ਜਵਾਬ, ਮਿਤੀ 05-08-2018 ਪੇਸ਼ ਕੀਤਾ ਸੀ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਸ਼ਿਕਾਇਤਕਰਤਾ, ਹਾਜ਼ਰ ਉੱਤਰਦਾਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋਇਆ ਸੀ। ਇਸ ਲਈ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 21-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪੇਸ਼ੀ, ਮਿਤੀ 21-08-2019 ਤੇ ਸ਼ਿਕਾਇਤਕਰਤਾ ਫਿਰ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਿਤਿਨ ਵਰਮਾ, ਐਡਵੋਕੇਟ ਨੇ ਕੁੱਝ ਸਮੇਂ ਦੀ ਮੰਗ ਕੀਤੀ ਸੀ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ ਅਗਲੀ ਸੁਣਵਾਈ ਮਿਤੀ 02-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪਿਛਲੀ ਪੇਸ਼ੀ, ਮਿਤੀ 02-09-2019 ਤੇ ਫਿਰ ਦੋਵਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣਾ ਵਿਸਥਾਰ-ਪੂਰਵਕ ਲਿਖਤੀ ਜਵਾਬ, ਮਿਤੀ 05-08-2018 ਪਹਿਲਾਂ ਹੀ ਪੇਸ਼ ਕੀਤਾ ਹੋਇਆ ਸੀ। ਇਸ ਲਈ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:360/2019**

ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਗਿਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਅਗਲੀ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਕੀਤੀ ਗਈ ਸੀ।ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ੍ਰੀ ਸਮੀਰ ਸਚਦੇਵਾ, ਐਡਵੋਕੇਟ, ਨੇ ਕਿਹਾ ਕਿ ਉਨ੍ਹਾਂ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣਾ ਵਿਸਥਾਰ-ਪੂਰਵਕ ਜਵਾਬ ਕਮਿਸ਼ਨ ਨੂੰ ਪੇਸ਼ ਕੀਤਾ ਹੋਇਆ ਹੈ ਕਿ ਉਨ੍ਹਾਂ ਦਾ ਦਾ ਕਾਲਿਜ "ਲੋਕ ਅਥਾਰਟੀ" ਨਹੀਂ ਹੈ ਅਤੇ ਸੂਚਨਾ ਦਾ ਅਧਿਕਾਰ ਐਕਟ, 2005 ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ ਜਿਸ ਕਰ ਕੇ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕੀਤੀ ਜਾ ਸਕਦੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਹੈ।

5. ਸ਼ਿਕਾਇਤਕਰਤਾ, ਹਾਜ਼ਰ ਉੱਤਰਦਾਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋਇਆ ਜਿਸ ਨੂੰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੇਸ਼ ਕੀਤੇ ਗਏ ਜਵਾਬ ਦੀ ਕਾਪੀ ਦਸਤੀ ਮੁਹੱਈਆ ਕਰ ਦਿੱਤੀ ਗਈ ਹੈ।

6. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੇਸ਼ ਕੀਤਾ ਗਿਆ ਜਵਾਬ, ਜਿਸ ਦੀ ਇੱਕ ਸ਼ਿਕਾਇਤਕਰਤਾ ਨੂੰ ਵੀ ਦਿੱਤੀ ਜਾ ਚੁੱਕੀ ਹੈ, ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿਚ ਹੁਣ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵਲੋਂ ਕਮਿਸ਼ਨ ਵਿਚ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 25 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਹਾਦਰ ਸਿੰਘ,

ਸ਼੍ਰੀ ਬਹਾਦਰ ਸਿੰਘ, (94634-40645)
ਪੁੱਤਰ ਲੇਟ ਸ਼੍ਰੀ ਗੱਜਣ ਸਿੰਘ,
ਮਕਾਨ ਨੰ:128, ਸੈਣੀ ਮੁਹੱਲਾ ,
ਪਿੰਡ ਤੇ ਡਾਕਖਾਨਾ ਬਲੌਂਗੀ,
ਜ਼ਿਲ੍ਹਾ ਮੁਹਾਲੀ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਤੇ ਵਿਕਾਸ ਪੰਚਾਇਤ ਅਫਸਰ, ਖਰੜ,
ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਤੇ ਵਿਕਾਸ ਪੰਚਾਇਤ ਅਫਸਰ, ਖਰੜ,
ਜ਼ਿਲ੍ਹਾ ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2233/2019**

**ਹਾਜ਼ਰ:-** 1) ਸ਼੍ਰੀ ਬਹਾਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਮਿੰਦਰ ਸਿੰਘ, ਸੁਪਰਡੰਟ (97814-00599)।

**ਹੁਕਮ:**

ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਵਾਉਣ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗੁਰਮਿੰਦਰ ਸਿੰਘ, ਸੁਪਰਡੰਟ ਨੇ ਅਪੀਲਕਰਤਾ ਨੂੰ ਸੂਚਨਾ ਜਲਦੀ ਮੁਹੱਈਆ ਕਰਾਉਣ ਦਾ ਭਰੋਸਾ ਦਿੰਦੇ ਹੋਏ ਕੁੱਝ ਸਮੇਂ ਦੀ ਮੰਗ ਕੀਤੀ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ, ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ, ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 23-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦੀ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 25 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ:1218/2019**

**ਹਾਜ਼ਰ:-**

1) ਅਪੀਲਕਰਤਾ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਮਿਤੀ 03-09-2019 ਤੇ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵਲੋਂ ਈ.ਮੇਲ ਰਾਹੀਂ ਭੇਜੇ ਗਏ ਪੱਤਰ ਨੰ:1582, ਮਿਤੀ 02-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਘਰੇਲੂ ਜ਼ਰੂਰੀ ਕੰਮ ਹੋਣ ਕਾਰਨ ਛੁੱਟੀ ਤੇ ਚੱਲ ਰਹੇ ਹਨ। ਉਨ੍ਹਾਂ ਵੱਲੋਂ ਵੀ ਕਿਹਾ ਗਿਆ ਸੀ ਕਿ ਅਗਲੀ ਤਰੀਕ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਸੂਚਨਾ ਭੇਜ ਦਿੱਤੀ ਜਾਵੇਗੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 19-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਫਿਰ ਵੀ ਕਮਿਸ਼ਨ ਉਸ ਨੂੰ ਬਿਨ੍ਹਾਂ ਸੂਚਨਾ ਦਵਾਏ ਉਸ ਦਾ ਕੇਸ ਬੰਦ ਕਰਕੇ ਲੋਕ ਸੂਚਨਾ ਅਫਸਰ ਦੀ ਮਦਦ ਕਰਨਾ ਚਾਹੇ ਤਾਂ ਆਪਣੇ ਅਧਿਕਾਰਾਂ ਦੀ ਵਰਤੋਂ ਕਰਕੇ ਕੇਸ ਬਿਨ੍ਹਾਂ ਸੂਚਨਾ ਦੁਵਾਏ ਬੰਦ ਕਰ ਸਕਦਾ ਹੈ।

3. ਅਪੀਲਕਰਤਾ ਵੱਲੋਂ ਆਪਣੇ ਪੱਤਰ ਵਿੱਚ ਕਮਿਸ਼ਨ ਪ੍ਰਤੀ ਲਿਖੀ ਗਈ ਸ਼ਬਦਾਵਲੀ ਦੇ ਸਬੰਧ ਵਿੱਚ ਸਪੱਸ਼ਟ ਕੀਤਾ ਜਾਂਦਾ ਹੈ ਕਿ ਕਮਿਸ਼ਨ ਇੱਕ ਸੰਵਿਧਾਨਕ ਸੰਸਥਾ ਹੈ। ਅਪੀਲਕਰਤਾ ਵੱਲੋ ਬਿਨ੍ਹਾਂ ਕਿਸੇ ਠੋਸ ਅਧਾਰ/ਦਸਤਵਾਵੇਜ਼ ਦੇ ਕਮਿਸ਼ਨ ਵੱਲੋਂ ਲੋਕ ਸੂਚਨਾ ਅਫਸਰ ਦੀ ਮਦਦ ਕਰਨ ਬਾਰੇ ਲਿਖਣਾ ਅਤਿ ਨਿੰਦਣਯੋਗ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ ਕਿਉਂਕਿ ਅਪੀਲਕਰਤਾ ਨੇ ਅਜਿਹਾ ਕਰਕੇ ਕਮਿਸ਼ਨ ਦੀ ਮਾਣਹਾਨੀ ਕੀਤੀ ਹੈ। ਇਸ ਕਰਕੇ **ਅਪੀਲਕਰਤਾ ਨੂੰ ਭਵਿੱਖ ਵਿੱਚ ਕਮਿਸ਼ਨ ਪ੍ਰਤੀ ਅਜਿਹੀ ਮੰਦੀ ਸ਼ਬਦਾਵਲੀ ਦੀ ਵਰਤੋਂ ਕਰਨ ਤੋਂ ਗੁਰੇਜ਼ ਕਰਨ ਲਈ ਸਖਤ ਤਾੜਨਾ ਕੀਤੀ ਜਾਂਦੀ ਹੈ।**

4. ਉੱਤਰਦਾਤਾ ਵਲੋਂ ਅੱਜ ਕੋਈ ਵੀ ਹਾਜ਼ਰ ਨਹੀ ਹੋਇਆ ਪ੍ਰੰਤੂ ਉਨ੍ਹਾਂ ਵਲੋਂ ਈ.ਮੇਲ ਰਾਹੀਂ ਭੇਜੇ ਗਏ ਪੱਤਰ

ਪਰਤੋ ਜੀ---- ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1218/2019

ਨੰ: 1757-58, ਮਿਤੀ 24-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਮੁੱਹਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪਸ਼ਟੀਕਰਨ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 23-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦੀ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 25 **ਸਤੰਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਡਿਪਟੀ ਰਜਿਸਟਰਾਰ,
ਪੰਜਾਬ ਰਾਜ ਸੂਚਨਾ ਕਮਿਸ਼ਨ,

ਯੋਗ ਕਾਰਵਾਈ ਹਿੱਤ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਬਲਜੀਤ ਸਿਘ ( 76965-00015)
ਪੁੱਤਰ ਸ੍ਰੀ ਬਚਨ ਸਿੰਘ,
64, ਐਚ.ਬੀ.ਆਰ.ਐਸ.ਨਗਰ
ਲੁਧਿਆਣਾ।                                                    -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ, ਉਦਯੋਗ ਵਿਭਾਗ,ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਟੀ,
ਦਫਤਰ ਸੰਯੁਕਤ ਡਾਇਰੈਕਟਰ, ਉਕਯੋਗ ਵਿਭਾਗ, ਪੰਜਾਬ,
ਚੰਡਗੜ।

**ਅਪੀਲ ਕੇਸ ਨ: 2385/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ (94177-88131) ਅਤੇ ਸ੍ਰੀ ਸਤਨਾਮ ਸਿੰਘ, ਸੀਨੀਅਰ ਸਹਾਇਕ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 15-04-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਉਦਯੋਗ ਵਿਭਾਗ,ਪੰਜਾਬ,ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੋਧੀ ਕਲੱਬ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸਨੇ ਮਿਤੀ 22-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 16-08-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ, ਪ੍ਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ ਮਿਤੀ 21.09.2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਸ੍ਰੀ ਅਮਰਜੀਤ ਸਿੰਘ, ਸੁਪਰਡੰਟ ਨੇ ਪੱਤਰ ਨੰਬਰ ਆਰ.ਐਫ.ਐਸ./2385/2019 /4061 ਮਿਤੀ 24-09-2019 ਜੋ ਕਿ ਅਪੀਲਕਰਤਾ ਨੂੰ ਸੰਬੋਧਤ ਹੈ ਰਾਹੀਂ ਮੁਕੰਮਲ ਸੂਚਨਾ ਕਮਿਸ਼ਨ ਨੂੰ ਪੇਸ਼ ਕੀਤੀ ਗਈ ਹੈ।

4. ਹਾਜ਼ਰ ਉੱਤਰਦਾਤਾ ਵਲੋਂ ਪੇਸ਼ ਕੀਤੀ ਗਈ ਸੂਚਨਾ ਕਮਿਸ਼ਨ ਵਲੋਂ ਘੋਖਣ ਉਪਰੰਤ ਤਸਲੀਬਖਸ਼ ਪਾਈ ਗਈ ਹੈ। ਇਸ ਲਈ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਵੀ ਭੇਜ ਦਿੱਤੀ ਜਾਵੇ। ਇਸ ਲਈ ਅਪੀਲਕਰਤਾ ਵਲੋਂ ਕਮਿਸ਼ਨ ਵਿਚ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 25 ਸਤੰਬਰ, 2019.                    ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਾਰਤ ਭੂਸ਼ਨ ਮੱਟੂ, (9779928472)
ਮਕਾਨ ਨੰ:153, ਅਕਾਸ਼ ਨਗਰ ਨੇੜੇ ਗਰੀਨ ਲੈਂਡ ਸਕੂਲ,
ਡਾਕਖਾਨਾ ਨੇਤਾਜੀ ਨਗਰ, ਸਲੇਮ ਟਾਬਰੀ,
ਲੁਧਿਆਣਾ-141008. ----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਖਜ਼ਾਨਾ ਤੇ ਲੇਖਾ, ਪੰਜਾਬ,
ਪਲਾਟ ਨੰ:2-ਬੀ, ਸੈਕਟਰ-33-ਏ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਮੁੱਖ ਸਕੱਤਰ, ਵਿੱਤ ਵਿਭਾਗ, ਪੰਜਾਬ,
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:2240/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਵੀਰ ਸਿੰਘ, ਸੈਕਸ਼ਨ ਅਫਸਰ (98722-22871)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-03-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਖਜ਼ਾਨਾ ਤੇ ਲੇਖਾ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2017-18 ਅਤੇ 2018-2019 ਦੌਰਾਨ ਵਿੱਤ ਵਿਭਾਗ ਵੱਲੋਂ ਤਨਖਾਹ ਦੇ ਬਿੱਲਾਂ, ਜੀ.ਪੀ.ਪੀ.ਐਫ. ਦੀ ਫਾਈਨਲ ਪੇਮੈਂਟ, ਜੀ.ਪੀ.ਐਫ ਅਤੇ ਹੋਰ ਅਦਾਇਗੀਆਂ ਆਦਿ ਤੇ ਸਮੇਂ-ਸਮੇਂ ਤੇ ਲਗਾਈ ਰੋਕ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਮਿਤੀ 28-08-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 06-08-2019 ਰਾਹੀਂ ਆਪਣਾ ਕੇਸ ਕਿਸ ਹੋਰ ਬੈਂਚ ਕੋਲ ਤਬਦੀਲ ਕਰਾਉਣ ਲਈ ਕਮਿਸ਼ਨ ਨੂੰ ਬੇਨਤੀ ਕੀਤੀ ਗਈਸੀ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਵੀਰ ਸਿੰਘ, ਸੈਕਸ਼ਨ ਅਫਸਰ ਨੇ ਪੱਤਰ, ਮਿਤੀ 20-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਸੀ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਆਪਣੇ ਪੱਤਰ ਨੰ:ਟੀ.ਏ./ਡੀ.ਡੀ.ਆਈ./ਅ-ਕੰਪਿ)/ਆਰ.ਟੀ.ਆਈ./2019/69, ਮਿਤੀ 24-04-2019 ਰਾਹੀਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 25-09-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 23-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸਨੂੰ ਅਜੇ ਤੱਕ ਮੁਕੰਮਲ ਅਤੇ ਸਹੀ ਸਪਸ਼ੱਟ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸਨੇ ਮੁਕੰਮਲ ਸੂਚਨਾ ਮੁੱਹਈਆ ਕਰਾਉਣ ਲਈ ਬੇਨਤੀ ਕੀਤੀ ਹੈ।

4. ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਹਾਜ਼ਰ ਸ਼੍ਰੀ ਕੁਲਵੀਰ ਸਿੰਘ, ਸੈਕਸ਼ਨ ਅਫਸਰ ਨੇ ਆਪਣਾ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2240/2019**

ਲਿਖਤੀ ਬਿਆਨ ਮਿਤੀ 25-09-2019 ਪੇਸ਼ ਕਰਦੇ ਹੋਏ ਸੂਚਿਤ ਕੀਤਾ ਗਿਆ ਹੈ ਕਿ ਕਮਿਸ਼ਨ ਦੇ ਹੁਕੱਮ ਮਿਤੀ 28-08-2019 ਤੋਂ ਬਾਅਦ ਅਪੀਲਕਰਤਾ ਵਲੋਂ ਮਿਤੀ 02-09-2019 ਨੂੰ ਇਕ ਹੋਰ ਪੱਤਰ ਪ੍ਰਾਪਤ ਹੋਇਆ ਹੈ ਜਿਸ ਵਿਚ ਉਸ ਵਲੋਂ ਸੰਪੂਰਨ ਅਤੇ ਸਹੀ ਸੂਚਨਾ ਉਪਲਭਧ ਕਰਾਉਣ ਲਈ ਲਿਖਿਆ ਹੈ ਜਦੋਂ ਕਿ ਇਸ ਸਬੰਧ ਵਿਚ ਅਪੀਲਕਰਤਾ ਨੂੰ ਉਨ੍ਹਾਂ ਦੇ ਦਫਤਰ ਦੇ ਪੱਤਰ ਨੰਬਰ ਟੀ.ਏ.ਡੀ.ਡੀ.ਆਈ ( ਅ-ਕੰਪਿ:) ਆਰ.ਟੀ.ਆਈ/ 2019/128 ਮਿਤੀ 20-08-2019 ਰਾਹੀ ਸਾਰੀ ਸਥਿਤੀ ਪਹਿਲਾਂ ਹੀ ਸਪਸ਼ੱਟ ਕਰ ਦਿੱਤੀ ਗਈ ਹੈ ਕਿ ਜ਼ੋ ਸੂਚਨਾ ਉਪਲਭਧ ਸੀ ਪਹਿਲਾਂ ਹੀ ਅਪੀਲਕਰਤਾ ਨੂੰ ਦਿੱਤੀ ਜਾ ਚੁੱਕੀ ਹੈ। ਇਸ ਲਈ ਹਾਜ਼ਰ ਉਤਰਦਾਤਾ ਨੇ ਇਹ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

5. ਉਤਰਦਾਤਾ (ਲੋਕ ਸੂਚਨਾ ਅਧਿਕਾਰੀ)ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵਲੋਂ ਘੋਖਣ ਉਪਰੰਤ ਤਸਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਅਪੀਲਕਰਤਾ ਵਲੋਂ ਕਮਿਸ਼ਨ ਵਿਚ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 25 ਸਤੰਬਰ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਲਵੀਰ ਸਿੰਘ ਸਿੱਧੂ,
ਪੁੱਤਰ ਲੇਟ ਸ਼੍ਰੀ ਚੂਹੜ ਸਿੰਘ ਸਿੱਧੂ,
ਚੈਂਬਰ ਨੰ:1018 ਕੋਰਟ, ਕੰਪਲੈਕਸ,
ਲੁਧਿਆਣਾ-141001. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਿੰਗ ਅਥਾਰਟੀ,
ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ 427/2019**

**ਹਾਜ਼ਰ:-**

1) ਸ੍ਰੀ ਬਲਵੀਰ ਸਿੰਘ ਸਿੱਧੂ, ਸ਼ਿਕਾਇਤਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀਮਤੀ ਪਰਮਜੀਤ ਕੋਰ, ਰੀਡਰ ( 81463-00956)।

**ਹੁਕਮ:**

ਪਿਛਲੀ ਪੇਸ਼ੀ ਮਿਤੀ 28-08-2019 ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਨੇ ਈ.ਮੇਲ, ਮਿਤੀ 28-08-2019 ਰਾਹੀਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦੇਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਵੀ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ, ਆਰ.ਟੀ.ਆਈ. ਐਕਟ, 2005 ਤਹਿਤ ਬਣਦੀ, ਸੂਚਨਾ ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ।ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉਤਰਦਾਤਾ ਵਲੋਂ ਹਾਜ਼ਰ ਸ੍ਰੀਮਤੀ ਪਰਮਜੀਤ ਕੋਰ, ਰੀਡਰ ਨੇ ਪੱਤਰ ਨੰ: 129/ਆਰ.ਟੀ.ਆਈ ਮਿਤੀ 23.09.2019 ਜਿਸਦਾ ਇਕ ਉਤਾਰਾ ਸ਼ਿਕਾਇਤਕਰਤਾ ਨੂੰ ਭੇਜਿਆ ਹੋਇਆ ਹੈ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ 2 ਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉਤਰਦਾਤਾ ਵਲੋਂ ਸੂਚਨਾ ਦੀ ਇਕ ਕਾਪੀ ਪੇਸ਼ੀ ਦੋਰਾਨ ਸ਼ਿਕਾਇਤਕਰਤਾ ਨੂੰ ਦਸਤੀ ਦੇ ਦਿੱਤੀ ਗਈ। ਹਾਜ਼ਰ ਉਤਰਦਾਤਾ ਵਲੋਂ ਪੇਸ਼ ਕੀਤੀ ਗਈ ਕਾਪੀ ਮਿਸਲ ਤੇ ਰੱਖ ਲਈ ਗਈ ਹੈ।

3. ਹਾਜ਼ਰ ਉਤਰਦਾਤਾ ਵਲੋਂ ਪੇਸ਼ ਕੀਤੀ ਗਈ ਸੂਚਨਾ ਵਾਚਣ ਤੇ ਸੂਚਨਾ ਦੇ ਨੁਕਤਾ ਨੰ: 1 ਨੂੰ ਛੱਡ ਕੇ ਬਾਕੀ ਦੀ ਸੂਚਨਾ ਕਮਿਸ਼ਨ ਵਲੋਂ ਤਸਲੀਬਖਸ਼ ਪਾਈ ਗਈ ਹੈ। ਇਸ ਲਈ ਉਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜੀ ਦੇ ਨੁਕਤਾ ਨੰ: 1 ( ਲਿਸਟਾਂ ) ਬਾਰੇ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ- ਪਹਿਲਾਂ ਮੁੱਹਈਆ ਕਰਵਾ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਪੇਸ਼ੀ ਮਿਤੀ 23.10.2019 ਨੂੰ 11.30 ਵਜੇ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,25 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੰਦੀਪ ਕੁਮਾਰ,
ਪੁੱਤਰ ਸ਼੍ਰੀ ਰਾਜ ਕੁਮਾਰ,
ਵਾਸੀ ਅਗਰਵਾਲ ਕਲੋਨੀ, ਵਾਰਡ ਨੰ:4 ਭਿੱਖੀ ,
ਤਹਿਸੀਲ ਤੇ ਜ਼ਿਲ੍ਹਾ ਮਾਨਸਾ।  -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ।  -------ਉੱਤਰਦਾਤਾ

**ਅਪੀਲ ਕੇਸ ਨੰ:1371 /2019**

ਹਾਜ਼ਰ:-

1) ਅਪੀਲਕਰਤਾ। ਵਲੋਂ ਕੋਈ ਨਹੀਂ
2) ਉੱਤਰਦਾਤਾ ਵਲੋਂ ਕੋਈ ਨਹੀਂ ।

**ਹਕਮ:**

ਪਿਛਲੀ ਪੇਸ਼ੀ ਮਿਤੀ 14-08-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਮੰਗੀ ਸੂਚਨਾ ਮੁਹੱਈਆ ਕਰਵਾਉਣ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੁਕੇਸ਼ ਕੁਮਾਰ, ਜੂਨੀਅਰ ਸਹਾਇਕ ਨੇ ਪੱਤਰ ਨੰ:371/ਆਰ.ਟੀ.ਆਈ., ਮਿਤੀ 13-08-2019 ਰਾਹੀਂ ਆਪਣਾ ਜਵਾਬ ਪੇਸ਼ ਕਰਦੇ ਹੋਏ ਸਮੇਂ ਦੀ ਮੰਗ ਕੀਤੀ ਸੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਸੀ ਅਤੇ ਇਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਗਈ ਸੀ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅੱਜ ਫਿਰ ਉਤਰਦਾਤਾ ਵਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਪਿਛਲੀ ਪੇਸ਼ੀ ਤੇ ਸ਼੍ਰੀ ਮੁਕੇਸ਼ ਕੁਮਾਰ, ਜੂਨੀਅਰ ਸਹਾਇਕ ਦੀ ਬੇਨਤੀ ਅਨੁਸਾਰ ਉਤਰਦਾਤਾ ਨੂੰ ਸੂਚਨਾ ਮੁੱਹਈਆ ਕਰਾਉਣ ਲਈ ਸਮਾਂ ਦਿੱਤਾ ਗਿਆ ਸੀ। ਇਸ ਲਈ ਸ਼੍ਰੀ ਮੁਕੇਸ਼ ਕੁਮਾਰ, ਜੂਨੀਅਰ ਸਹਾਇਕ ਨੂੰ ਅੱਜ ਪੇਸ਼ੀ ਤੇ ਹਾਜ਼ਰ ਹੋਣਾ ਬਣਦਾ ਸੀ ਪਰ ਉਹ ਅੱਜ ਹਾਜ਼ਰ ਨਹੀਂ ਹੋਇਆ। ਇਸ ਲਈ **ਸ਼੍ਰੀ ਮੁਕੇਸ਼ ਕੁਮਾਰ, ਜੂਨੀਅਰ ਸਹਾਇਕ ਨੂੰ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣੀ ਸਪਸ਼ਟੀਕਰਨ ਪੇਸ਼ ਕਰਨ ਦੀ ਸਖਤ ਹਦਾਇਤ** ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ **ਉਤਰਦਾਤਾ ( ਲੋਕ ਸੂਚਨਾ ਅਧਿਕਾਰੀ) ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਦੀ ਅਰਜੀ ਮੁਤਾਬਿਕ ਆਰ.ਟੀ.ਐਕਟ. 2005 ਤਹਿਤ ਬਣਦੀ ਸੂਚਨਾ 10 ਦਿਨਾਂ ਦੇ ਅੰਦਰ ਅੰਦਰ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ।**`। ਇਸ ਹਦਾਇਤ ਨਾਲ ਇਹ ਕੇਸ **ਅਗਲੀ ਪੇਸ਼ੀ ਮਿਤੀ 23.10.2019 ਨੂੰ 11.30 ਵਜੇ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,25 ਸਤੰਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**